# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 28-10-2025**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਸਮਾਗਮਾਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਏ। ਨਵੀਂ ਦਿੱਲੀ 'ਚ ਰਾਸ਼ਟਰਪਤੀ ਭਵਨ ਵਿਖੇ ਹੋਈ ਮੀਟਿੰਗ ਵਿੱਚ, ਭਗਵੰਤ ਸਿੰਘ ਮਾਨ ਨੇ ਭਾਰਤ ਦੇ ਰਾਸ਼ਟਰਪਤੀ ਨੂੰ ਇਸ ਇਤਿਹਾਸਕ ਮੌਕੇ ਪਵਿੱਤਰ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਦੱਸਿਆ ਕਿ ਉਨਾਂ ਨੇ ਸ਼੍ਰੀਮਤੀ ਮੁਰਮੂ ਨੂੰ ਇਤਿਹਾਸਕ ਸਮਾਗਮਾਂ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਏ ਅਤੇ ਉਨਾਂ ਦੇ ਦੌਰੇ ਦੀ ਰੂਪ-ਰੇਖਾ ਨੂੰ ਜਲਦੀ ਹੀ ਅੰਤਿਮ ਰੂਪ ਦਿੱਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਸ਼੍ਰੀਮਤੀ ਮੁਰਮੂ ਨੂੰ ਦੱਸਿਆ ਕਿ, ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ ਇਨਾਂ ਪਵਿੱਤਰ ਸਮਾਗਮਾਂ ਨੂੰ ਢੁਕਵੇਂ ਢੰਗ ਨਾਲ ਮਨਾਉਣ ਲਈ, ਪਹਿਲਾਂ ਹੀ ਕਈ ਸਮਾਗਮ ਉਲੀਕੇ ਨੇ।

ਇਹਨਾਂ ‘ਚ 24 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲਾ ਪੰਜਾਬ ਵਿਧਾਨਸਭਾ ਦਾ ਇੱਕ ਵਿਸ਼ੇਸ਼ ਇਜਲਾਸ ਵੀ ਸ਼ਾਮਿਲ ਏ ਜਿਥੇ ਪ੍ਰਮੁਖ ਸ਼ਖਸੀਅਤਾਂ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਧਾਰਮਿਕ ਆਜ਼ਾਦੀ ਤੇ ਮਨੁਖੀ ਅਧਿਕਾਰਾਂ ਲਈ ਓਹਨਾਂ ਦੀ ਕੁਰਬਾਨੀ ਬਾਰੇ ਵਿਚਾਰ ਸਾਂਝੇ ਕਰਨਗੀਆਂ.

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਛੱਠ ਦੇ ਪਵਿੱਤਰ ਤਿਉਹਾਰ ਵਿੱਚ ਹਿੱਸਾ ਲੈਣ ਵਾਲੇ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਛੱਠ ਦਾ ਸ਼ੁਭ ਤਿਉਹਾਰ ਅੱਜ ਸ਼ਰਧਾਲੂਆਂ ਵਲੋਂ ਸੂਰਜ ਦੇਵਤਾ ਨੂੰ ਸਵੇਰ ਦੀ ਅਰਘ ਨਾਲ ਸਮਾਪਤ ਹੋਇਆ। ਉਨ੍ਹਾਂ ਅੱਗੇ ਕਿਹਾ ਕਿ ਚਾਰ ਦਿਨਾਂ ਦੇ ਤਿਉਹਾਰ ਦੌਰਾਨ, ਭਾਰਤ ਦੀ ਛੱਠ ਪੂਜਾ ਦੀ ਮਹਾਨ ਰਵਾਇਤ ਦਾ ਝਲਕਾਰਾ ਮਿਲਿਆ. ਪ੍ਰਧਾਨ ਮੰਤਰੀ ਨੇ ਕਾਮਨਾ ਕੀਤੀ ਕਿ ਛੱਠੀ ਮਈਆ ਦੀ ਅਸੀਮ ਕਿਰਪਾ ਦੇਸ਼ ਵਾਸੀਆਂ ਦੇ ਜੀਵਨ ਨੂੰ ਹਮੇਸ਼ਾ ਲਈ ਰੌਸ਼ਨ ਰੱਖੇ।

-----------------------------------------------------

ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਨੇ ਆਮ ਲੋਕਾਂ ਨੂੰ ਧਮਕੀਆਂ, ਜ਼ਬਰਦਸਤੀ ਵਸੂਲੀ ਅਤੇ ਜਥੇਬੰਧਤ ਅਪਰਾਧ ਦੀ ਸ਼ਿਕਾਇਤ ਕਰਨ ਲਈ ਆਪਣੀ ਟੋਲ-ਫ੍ਰੀ ਹੈਲਪਲਾਈਨ ਨੰਬਰ 1800-

330-1100 ਨੂੰ ਸ਼ੁਰੂ ਕਰ ਦਿੱਤਾ ਏ. ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਨਾਗਰਿਕਾਂ ਲਈ ਇੱਕ ਅਜਿਹਾ ਮਾਧਿਅਮ ਏ ਜੋ ਕਿ ਓਹਨਾਂ ਦੀ ਪਛਾਣ ਗੁਪਤ ਰਖਦਾ ਏ –

BYTE

-----------------------------------------------------

ਜਨਤਕ ਜੀਵਨ ਵਿੱਚ ਈਮਾਨਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਭ੍ਰਿਸ਼ਟਾਚਾਰ ਮੁਕਤ ਸਮਾਜ ਸਿਰਜਣ ਲਈ 2 ਨਵੰਬਰ ਤਕ ਦੇਸ਼ ਭਰ ਵਿੱਚ ਵਿਜੀਲੈਂਸ ਜਾਗਰੂਕਤਾ ਹਫ਼ਤਾ 2025 ਮਨਾਇਆ ਜਾ ਰਿਹਾ ਏ । ਹਫ਼ਤੇ ਦਾ ਵਿਸ਼ਾ ਏ, " ਜਾਗਰੂਕਤਾ - ਸਾਡੀ ਸਾਂਝੀ ਜ਼ਿੰਮੇਵਾਰੀ"। ਇਹ ਸ਼ਾਸਨ ਅਤੇ ਜਨਤਕ ਪ੍ਰਸ਼ਾਸਨ ਵਿੱਚ ਨੈਤਿਕਤਾ ਅਤੇ ਪਾਰਦਰਸ਼ਤਾ ਦੀ ਜ਼ਰੂਰਤ ਬਾਰੇ ਵਧੇਰੇ ਸੰਵੇਦਨਸ਼ੀਲਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ. ਇਸ ਸਬੰਧ ਵਿੱਚ ਕਲ੍ਹ NIC ਦਫ਼ਤਰ, ਐੱਸ.ਏ.ਐੱਸ. ਨਗਰ ਵਿੱਚ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੀ ਸ਼ੁਰੂਆਤ ਕੀਤੀ ਗਈ। ਸਮਾਗਮ ਦੌਰਾਨ ਸਾਰੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੇ ਭ੍ਰਿਸ਼ਟਾਚਾਰ-ਮੁਕਤ ਪ੍ਰਸ਼ਾਸਨ ਲਈ ਆਪਣੀ ਨਿੱਜੀ ਅਤੇ ਪੇਸ਼ੇਵਰ ਈਮਾਨਦਾਰੀ ਅਤੇ ਭਰੋਸੇਯੋਗਤਾ ਬਣਾਈ ਰੱਖਣ ਦਾ ਅਹਿਦ ਲਿਆ। ਇਸ ਵਿੱਚ NIC ਅਤੇ ਚੋਣ ਦਫ਼ਤਰ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੇ ਵੀ ਹਿੱਸਾ ਲਿਆ।

ਇਸ ਮੌਕੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੀ ਮਹੱਤਤਾ ਉਤੇ ਰੌਸ਼ਨੀ ਪਾਉਂਦੇ ਹੋਏ ਭ੍ਰਿਸ਼ਟਾਚਾਰ ਖ਼ਿਲਾਫ਼ ਸਾਂਝੇ ਯਤਨਾਂ ਦੀ ਲੋੜ ਉਤੇ ਜ਼ੋਰ ਦਿੱਤਾ ਗਿਆ.

---------------------------------------------------

ਵਜਰਾ ਕੋਰ ਨੇ 79ਵੇਂ INFANTRY ਦਿਵਸ ਨੂੰ ਬੇਹਦ ਮਾਣ ਅਤੇ ਸਤਿਕਾਰ ਨਾਲ ਮਨਾਇਆ ਤੇ ਦੇਸ਼ ਦੇ ਸੱਚੇ ਰਖਵਾਲੇ ਅਤੇ ਇਸਦੀ ਫੌਜੀ ਸ਼ਕਤੀ ਦੇ ਅਧਾਰ, ਭਾਰਤੀ ਫੌਜ ਦੇ ਬਹਾਦਰ INFANTRY ਸਿਪਾਹੀਆਂ, ਦੀ ਅਦੁੱਤੀ ਹਿੰਮਤ, ਕੁਰਬਾਨੀ ਅਤੇ ਸਮਰਪਣ ਨੂੰ ਨਮਨ ਕੀਤਾ. 1947 ਵਿੱਚ ਇਸੇ ਦਿਨ, ਸਿੱਖ ਰੈਜੀਮੈਂਟ ਦੀ ਪਹਿਲੀ ਬਟਾਲੀਅਨ ਦੇ ਫੌਜੀਆਂ ਨੂੰ ਜੰਮੂ-ਕਸ਼ਮੀਰ ਉੱਤੇ ਪਾਕਿਸਤਾਨ ਦੇ ਹਮਲੇ ਨੂੰ ਨਾਕਾਮ ਕਰਨ ਲਈ ਸ੍ਰੀਨਗਰ ਭੇਜਿਆ ਗਿਆ ਸੀ। ਉਨ੍ਹਾਂ ਦੀ ਬਹਾਦਰੀ, ਦ੍ਰਿੜਤਾ ਅਤੇ ਫਰਜ਼ ਪ੍ਰਤੀ ਸਮਰਪਣ ਨੇ ਨਵੇਂ ਆਜ਼ਾਦ ਭਾਰਤ ਦੀ ਪ੍ਰਭੂਸੱਤਾ ਦੀ ਰਾਖੀ ਕੀਤੀ, ਜੋ ਕਿ ਭਾਰਤ ਦੇ ਆਜ਼ਾਦੀ ਤੋਂ ਬਾਅਦ ਦੇ ਇਤਿਹਾਸ ਵਿੱਚ ਇੱਕ ਫੈਸਲਾਕੁੰਨ ਅਧਿਆਇ ਏ । ਉਸ ਇਤਿਹਾਸਕ ਪਲ ਤੋਂ, INFANTRY, ਭਾਰਤੀ ਫੌਜ ਦੀ ਆਤਮਾ ਬਣੀ ਹੋਈ ਏ ਅਤੇ ਹਰ ਜੰਗ. ਦਹਿਸ਼ਤਗਰਦੀ ਵਿਰੋਧੀ ਮਿਸ਼ਨ ਅਤੇ ਮਾਨਵਤਾਵਾਦੀ ਮਿਸ਼ਨ ਵਿੱਚ ਮੋਹਰੀ ਭੂਮਿਕਾ ਨਿਭਾ ਰਹੀ ਏ ।

ਇਕੱਠ ਨੂੰ ਸੰਬੋਧਨ ਕਰਦਿਆਂ, ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਨੇ INFANTRY ਦੇ ਫੌਜੀਆਂ ਦੀ ਅਦੁੱਤੀ ਭਾਵਨਾ ਦੀ ਸ਼ਲਾਘਾ ਕੀਤੀ ਅਤੇ ਸਾਰੇ ਰੈਂਕਾਂ ਨੂੰ ਤਕਨੀਕੀ ਤਰੱਕੀ ਨੂੰ ਅਪਣਾਉਣ, ਭਵਿੱਖ ਲਈ ਤਿਆਰ ਰਹਿਣ ਅਤੇ ਜੰਗ ਦੇ ਬਦਲਦੇ ਮੈਦਾਨਾਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਲਚਕੀਲਾਪਨ ਅਤੇ ਤਬਦੀਲੀ ਜਾਰੀ ਰੱਖਣ ਦੀ ਅਪੀਲ ਕੀਤੀ।

---------------------------------------------------------

ਜਲੰਧਰ ਵਿਚ ਖੇਡੇ ਜਾ ਰਹੇ, 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ ਕੱਲ੍ਹ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਨੇ Indian ਏਅਰ ਫੋਰਸ ਨੂੰ 2-1 ਨਾਲ ਹਰਾ ਕੇ, ਪਹਿਲੀ ਜਿੱਤ ਦਰਜ ਕੀਤੀ। ਓਧਰ ਦੂਜੇ ਮੈਚ ਵਿੱਚ, ਭਾਰਤੀ ਰੇਲਵੇ ਦਿੱਲੀ ਦੀ ਟੀਮ, ਆਰਮੀ ਇਲੈਵਨ ਦਿੱਲੀ ਨੂੰ 2-0 ਨਾਲ ਹਰਾ ਕੇ ਕਵਾਰਟਰ ਫਾਇਨਲ ਪਹੁੰਚ ਗਈ ਏ। ਅੱਜ ਇੰਡੀਅਨ ਆਇਲ ਮੁੰਬਈ ਦਾ ਇੰਡੀਅਨ ਨੇਵੀ ਨਾਲ ਅਤੇ ਭਾਰਤ ਪੈਟਰੋਲੀਅਮ ਮੁੰਬਈ ਦਾ ਕੈਗ ਦਿੱਲੀ ਨਾਲ ਮੁਕਾਬਲਾ ਹੋਵੇਗਾ।